# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 11-03-2025**

- ਬਠਿੰਡਾ ਵਿਚ ਏਮਜ਼ ਦੇ ਪਹਿਲੇ ਕਾਨਵੋਕੇਸ਼ਨ ਸਮਾਰੋਹ ਵਿਚ ਰਾਸ਼ਟਰਪਤੀ ਦ੍ਰੌਪਦੀ ਮੁਰਮੂ ਨੇ ਮੋਟਾਪੇ ਨੂੰ ਵੱਡੀ ਸਮੱਸਿਆ ਦੱਸਦੇ ਹੋਏ ਦੇਸ਼ ਨੂੰ ਇਸ ਬਾਰੇ ਸੁਚੇਤ ਕੀਤਾ। ਇਸ ਦੇ ਨਾਲ ਹੀ ਡਾਕਟਰਾਂ ਤੇ ਖੋਜਕਰਤਾਵਾਂ ਨੂੰ ਕੈਂਸਰ ਰੋਗ ਦੀ ਜਲਦੀ ਜਾਂਚ ਯਕੀਨੀ ਬਣਾਉਣ ਲਈ ਹੋਰ ਉੱਨਤ ਤਕਨੀਕਾਂ ਵਿਕਸਤ ਕਰਨ ਦਾ ਸੱਦਾ ਦਿੱਤਾ।
- ਮਾਰੀਸ਼ਸ ਪੁੱਜੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਾਰੀਸ਼ਸ ਦੇ ਸਾਬਕਾ ਰਾਸ਼ਟਰਪਤੀ ਸਰ ਅਨਿਰੁੱਧ ਜਗਨਨਾਥ ਤੇ ਸਾਬਕਾ ਪ੍ਰਧਾਨ ਮੰਤਰੀ ਸਰ ਸ਼ਿਵਸਾਗਰ ਰਾਮਗੁਲਾਮ ਨੂੰ ਸ਼ਰਧਾਂਜਲੀ ਭੇਟ ਕੀਤੀ।
- ਪੰਜਾਬ ਸਰਕਾਰ ਨੇ ਸਨਅਤਕਾਰਾਂ ਨੂੰ ਪਿਛਲੇ ਬਕਾਇਆਂ ਦੇ ਭੁਗਤਾਨ ਲਈ ਯਕਮੁਸ਼ਤ ਨਿਪਟਾਰਾ ਸਕੀਮ ਕੀਤੀ ਸ਼ੁਰੂ। ਬਕਾਏ ਅਦਾ ਕਰਨ ਦੀ ਆਖ਼ਰੀ ਤਰੀਕ 31 ਦਸੰਬਰ ਐਲਾਨੀ।

- ਪੰਜਾਬ ਦੇ ਮਾਈਨਿੰਗ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਰੱਸ਼ਰ ਸਨਅਤਾਂ ਦੇ ਮੁੱਖ ਭਾਈਵਾਲਾਂ ਨਾਲ ਅਹਿਮ ਮੀਟਿੰਗ ਕੀਤੀ। ਮੰਤਰੀ ਨੇ ਪੰਜਾਬ ਦੀ ਨਵੀਂ ਬਣ ਰਹੀ ਨੀਤੀ ਸਬੰਧੀ ਕਰੱਸ਼ਰ ਸਨਅਤਕਾਰਾਂ ਕੋਲੋਂ ਸੁਝਾਅ ਵੀ ਮੰਗੇ।

---------------------------------------------------

ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਨੇ ਦੇਸ਼ ਨੂੰ ਮੋਟਾਪੇ ਸੁਚੇਤ ਕੀਤਾ ਏ ਅਤੇ ਕਿਹਾ ਏ ਕਿ ਸਸਤੀਆਂ ਤੇ ਪਹੁੰਚਯੋਗ ਤਕਨੀਕਾਂ ਵਿਕਸਤ ਕਰਨ ਦੀ ਜ਼ਰੂਰਤ ਏ, ਜਿਸ ਦੇ ਨਾਲ ਕੈਂਸਰ ਦੀ ਜਾਂਚ ਜਲਦੀ ਹੋ ਸਕੇ। ਉਨ੍ਹਾਂ ਕਿਹਾ ਕਿ ਇਕ ਸਿਹਤਮੰਦ ਸਮਾਜ ਲਈ ਡਾਕਟਰਾਂ ਤੇ ਖੋਜਕਰਤਾਵਾਂ ਦੀ ਵੱਡੀ ਭੂਮਿਕਾ ਹੁੰਦੀ ਏ। ਰਾਸ਼ਟਰਪਤੀ ਨੇ ਅੱਜ ਬਠਿੰਡਾ ਵਿਚ ਆਲ ਇੰਡੀਆ ਇੰਸਟੀਚਿਊਟ ਆਫ਼ ਮੈਡੀਕਲ ਸਾਇੰਸਿਜ਼ (ਏਮਜ਼) ਦੇ ਪਹਿਲੇ ਕਾਨਵੋਕੇਸ਼ਨ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ। ਪੇਸ਼ ਏ ਇਕ ਰਿਪੋਰਟ-

vcਰਾਸ਼ਟਰਪਤੀ ਨੇ ਮੋਟਾਪੇ ਦੇ ਜਲਦੀ ਹੀ ਵੱਡੀ ਸਮੱਸਿਆ ਬਣਨ ਸਬੰਧੀ ਇਕ ਵੱਕਾਰੀ ਰਸਾਲੇ ਵਿਚ ਛਪੀ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਇਹ ਨਾ-ਸਿਰਫ਼ ਆਪਣੇ ਆਪ ਵਿਚ ਇਕ ਸਮੱਸਿਆ ਏ ਬਲਕਿ ਇਹ ਕਈ ਜਾਨਲੇਵਾ ਬਿਮਾਰੀਆਂ ਦਾ ਕਾਰਨ ਬਣਦੀ ਏ। ਉਨ੍ਹਾਂ ਨੇ ਦੇਸ਼ ਦੇ ਵਿਕਾਸ ਵਿਚ ਰੁਕਾਵਟ ਬਣਨ ਤੋਂ ਪਹਿਲਾਂ ਮੋਟਾਪੇ ਨੂੰ ਕੰਟਰੋਲ ਕਰਨ ਲਈ ਡਾਕਟਰਾਂ ਨੂੰ ਇਸ ਖੇਤਰ ਵਿਚ ਹੋਰ ਖੋਜ ਕਰਨ ਦਾ ਸੱਦਾ ਦਿੱਤਾ। ਇਕ ਹੋਰ ਅਧਿਐਨ ਦਾ ਹਵਾਲਾ ਦਿੰਦੇ ਹੋਏ, ਰਾਸ਼ਟਰਪਤੀ ਮੁਰਮੂ ਨੇ ਕਿਹਾ ਕਿ ਭਾਰਤ ਵਿਚ ਕੈਂਸਰ ਕਾਰਨ ਮੌਤਾਂ ਦੀ ਦਰ ਬਹੁਤ ਜ਼ਿਆਦਾ ਏ ਕਿਉਂਕਿ ਇਸ ਦਾ ਪਤਾ ਦੇਰ ਨਾਲ ਲੱਗਦਾ ਏ। ਉਨ੍ਹਾਂ ਨੇ ਖੋਜਕਾਰਾਂ ਨੂੰ ਮਨੁੱਖੀ ਜਾਨਾਂ ਬਚਾਉਣ ਲਈ ਬਿਮਾਰੀ ਦਾ ਜਲਦੀ ਪਤਾ ਲਗਾਉਣ ਦੇ ਤਰੀਕੇ ਲੱਭਣ ਲਈ ਕਿਹਾ। ਉਨ੍ਹਾਂ ਨੇ ਸਪੱਸ਼ਟ ਤੌਰ 'ਤੇ ਪੰਜਾਬ ਦੇ ਮਾਲਵਾ ਖੇਤਰ ਲਈ ਚਿੰਤਾ ਪ੍ਰਗਟ ਕੀਤੀ, ਜਿੱਥੇ ਕਿ ਕੀਟਨਾਸ਼ਕਾਂ ਤੇ ਖਾਦਾਂ ਦੀ ਵਾਧੂ ਵਰਤੋਂ ਅਤੇ ਪੀਣ ਵਾਲੇ ਪ੍ਰਦੂਸ਼ਿਤ ਪਾਣੀ ਕਾਰਨ ਕੈਂਸਰ ਪੀੜਤਾਂ ਦੀ ਔਸਤ ਦਰ ਰਾਸ਼ਟਰੀ ਔਸਤ ਨਾਲੋਂ ਵੱਧ ਏ। ਰਾਸ਼ਟਰਪਤੀ ਨੇ ਏਮਜ਼ ਦੇ ਡਾਕਟਰਾਂ ਨੂੰ ਅਪੀਲ ਕੀਤੀ ਕਿ ਉਹ ਖੇਤੀਬਾੜੀ ਤੇ ਚੌਗਿਰਦਾ ਮਾਹਿਰਾਂ ਨਾਲ ਸਲਾਹ-ਮਸ਼ਵਰਾ ਕਰ ਕੇ ਖੋਜ ਕਰਨ, ਤਾਂ ਜੋ ਲੋਕਾਂ ਨੂੰਸਿਹਤਮੰਦ ਜੀਵਨ ਸ਼ੈਲੀ ਤੇ ਬਿਹਤਰ ਖੇਤੀ ਅਪਣਾਉਣ ਲਈ ਜਾਗਰੂਕ ਕੀਤਾ ਜਾ ਸਕੇ। ਨਸ਼ੀਲੇ ਪਦਾਰਥਾਂ ਦੀ ਵਰਤੋਂ ਲੋਕਾਂ, ਉਨ੍ਹਾਂ ਦੇ ਪਰਿਵਾਰਾਂ ਅਤੇ ਦੇਸ਼ ਦੇ ਅਰਥਚਾਰੇ ਨੂੰ ਕਿਵੇਂ ਨੁਕਸਾਨ ਪਹੁੰਚਾਉਂਦੀ ਹੈ, ਇਸ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਡਾਕਟਰ, ਲੋਕਾਂ ਨੂੰ ਨਸ਼ਿਆਂ ਤੋਂ ਮੁਕਤ ਕਰਨ ਵਿਚ ਅਹਿਮ ਭੂਮਿਕਾ ਨਿਭਾ ਸਕਦੇ ਨੇ। ਨਸ਼ਿਆਂ ਦੀ ਆਦਤ ਕਾਰਨ ਹੋਣ ਵਾਲੇ ਸਰੀਰਕ ਅਤੇ ਮਾਨਸਿਕ ਨੁਕਸਾਨ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ ਜਾਣਾ ਚਾਹੀਦਾ ਏ।

ਉਨ੍ਹਾਂ ਨੇ ਧਾਰਮਿਕ ਤੇ ਸਮਾਜਿਕ ਸੰਗਠਨਾਂ ਨੂੰ ਨਾਲ ਲੈ ਕੇ ਜਨਤਕ ਜਾਗਰੂਕਤਾ ਮੁਹਿੰਮ ਚਲਾਉਣ ਦੀ ਵਕਾਲਤ ਕੀਤੀ। ਡਾਕਟਰ ਬਣ ਰਹੇ ਵਿਦਿਆਰਥੀਆਂ ਦੇ ਪਹਿਲੇ ਬੈਚ ਨੂੰ ਵਧਾਈ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਡਾਕਟਰਾਂ ਨੂੰ 2047 ਤੱਕ ਭਾਰਤ ਨੂੰ ਮੈਡੀਕਲ ਖੋਜ ਅਤੇ ਸਿਹਤ ਸੰਭਾਲ ਵਿਚ ਮੋਹਰੀ ਦੇਸ਼ ਬਣਾਉਣ ਦੇ ਟੀਚੇ ਨਾਲ ਕੰਮ ਕਰਨਾ ਚਾਹੀਦਾ ਏ। ਸਮਾਰੋਹ ਵਿਚ ਉਨ੍ਹਾਂ ਨੇ ਵੱਖ-ਵੱਖ ਖੇਤਰਾਂ ਵਿਚ ਨਵੇਂ ਪਾਸ ਹੋਏ ਡਾਕਟਰਾਂ ਨੂੰ ਮੈਡਲ ਤੇ ਡਿਗਰੀਆਂ ਭੇਟ ਕੀਤੀਆਂ। ਏਮਜ਼ ਬਠਿੰਡਾ ਦੀ ਸ਼ਲਾਘਾ ਕਰਦੇ ਹੋਏ ਰਾਸ਼ਟਰਪਤੀ ਨੇ ਸੰਸਥਾ ਨਾਲ ਜੁੜੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਖੋਜ ਤੇ ਡਾਕਟਰੀ ਸੇਵਾ ਦੇ ਬਲ 'ਤੇ ਇਸ ਨੂੰ ਖੇਤਰੀ ਮੈਡੀਕਲ ਉੱਤਮਤਾ ਕੇਂਦਰ ਵਜੋਂ ਵਿਕਸਤ ਕਰਨ। ਮ ਨੂੰ ਬਾਅਦ ਵਿਚ ਰਾਸ਼ਟਰਪਤੀ ਮੋਹਾਲੀ ਵਿਚ ਪੰਜਾਬ ਸਰਕਾਰ ਵੱਲੋਂ ਉਨ੍ਹਾਂ ਦੇ ਸਨਮਾਨ ਵਿਚ ਕਰਵਾਏ ਨਾਗਰਿਕ ਸਵਾਗਤ ਵਿਚ ਸ਼ਾਮਲ ਹੋਣਗੇ।

--Rajesh Bali

----------------------------------------------------

ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਕੱਲ੍ਹ ਚੰਡੀਗੜ੍ਹ ਵਿਚ ਪੰਜਾਬ ਯੂਨੀਵਰਸਿਟੀ ਦੇ 72ਵੇਂ ਸਾਲਾਨਾ ਕਾਨਵੋਕੇਸ਼ਨ ਵਿਚ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਉਹ ਇਸ ਮੌਕੇ ਵਿਦਿਆਰਥੀਆਂ ਨੂੰ ਡਿਗਰੀਆਂ ਤੇ ਮੈਡਲ ਪ੍ਰਦਾਨ ਕਰਨਗੇ ਅਤੇ ਵਿਦਿਆਰਥੀਆਂ, ਅਧਿਆਪਕਾਂ ਤੇ ਹਾਜ਼ਰੀਨ ਨੂੰ ਸੰਬੋਧਨ ਕਰਨਗੇ। ਇਸ ਲਈ ਯੂਨੀਵਰਸਿਟੀ ਕੈਂਪਸ ਵਿਚ ਵਿਆਪਕ ਤਿਆਰੀਆਂ ਚੱਲ ਰਹੀਆਂ ਨੇ ਅਤੇ ਸੁਰੱਖਿਆ ਵਧਾ ਦਿੱਤੀ ਗਈ ਏ। ਪੰਜਾਬ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. ਰੇਨੂ ਵਿਗ ਨੇ ਇਸ ਸਮਾਗਮ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਅੱਜ ਸਾਰੇ ਪ੍ਰਬੰਧਾਂ ਦੀ ਨਿੱਜੀ ਤੌਰ 'ਤੇ ਸਮੀਖਿਆ ਕੀਤੀ।

----------------------------------------------------

ਪਿਛਲੇ ਹਫਤੇ ਪੰਜਾਬ ਵਜਾਰਤ ਦੀ ਮੀਟਿੰਗ ਵਿਚ ਸੂਬੇ ਦੇ ਸਨਅਤਕਾਰਾਂ ਨੂੰ ਵੱਡੀ ਰਾਹਤ ਦਿੰਦਿਆਂ ਲਟਕ ਰਹੇ ਕੇਸਾਂ ਦੇ ਨਿਪਟਾਰੇ ਲਈ ਯਕਮੁਸ਼ਤ ਨਿਬੇੜਾ ਸਕੀਮ (ਓ.ਟੀ.ਐਸ.) ਸ਼ੁਰੂ

ਕਰਨ ਲਈ ਉਦਯੋਗ ਤੇ ਪੂੰਜੀ ਪ੍ਰੋਤਸਾਹਨ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਏ। ਮੰਤਰੀ ਸੌਂਦ ਨੇ ਕਿਹਾ ਕਿ ਇਸ ਯੋਜਨਾ ਤਹਿਤ ਸਰਕਾਰ ਨੇ ਡਿਫਾਲਟਰਾਂ ਨੂੰ ਦੰਡ ਵਿਆਜ ਦੀ 100 ਫੀਸਦੀ ਛੋਟ ਦੇ ਨਾਲ-ਨਾਲ 8 ਫੀਸਦੀ ਦੀ ਵਿਆਜ ਦਰ ਨਾਲ ਬਕਾਏ ਦੇ ਭੁਗਤਾਨ ਦੀ ਇਜਾਜ਼ਤ ਦਿੱਤੀ ਏ। ਇਸ ਸਕੀਮ ਤਹਿਤ ਆਖ਼ਰੀ ਤਰੀਕ 31 ਦਸੰਬਰ, 2025 ਏ। ਉਦਯੋਗ ਮੰਤਰੀ ਨੇ ਦੱਸਿਆ ਕਿ ਇਹ ਸਕੀਮ ਉਨ੍ਹਾਂ ਡਿਫਾਲਟਰ ਪਲਾਟ ਧਾਰਕਾਂ ‘ਤੇ ਲਾਗੂ ਹੋਵੇਗੀ, ਜਿਨ੍ਹਾਂ ਦੀ ਅਸਲ ਅਲਾਟਮੈਂਟ ਪਹਿਲੀ ਜਨਵਰੀ, 2020 ਨੂੰ ਜਾਂ ਇਸ ਤੋਂ ਪਹਿਲਾਂ ਹੋਈ ਸੀ। ਮੰਤਰੀ ਸੌਂਦ ਨੇ ਕਿਹਾ ਕਿ ਇਨ੍ਹਾਂ ਸਾਰੇ ਉਦਯੋਗਪਤੀਆਂ ਨੂੰ 30 ਅਪ੍ਰੈਲ, 2025 ਤੱਕ ਨੋਟਿਸ ਜਾਰੀ ਕਰ ਦਿੱਤੇ ਜਾਣਗੇ।

-----------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੇ ਮਾਈਨਿੰਗ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਮਾਈਨਿੰਗ ਤੇ ਕਰੱਸ਼ਰ ਸਨਅਤਾਂ ਦੇ ਪ੍ਰਮੁੱਖ ਭਾਈਵਾਲਾਂ ਨਾਲ ਅਹਿਮ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿਚ ਕਰੱਸ਼ਰ ਉਦਯੋਗ ਦੀਆਂ ਐਸੋਸੀਏਸ਼ਨਾਂ ਅਤੇ ਮਾਈਨਿੰਗ ਠੇਕੇਦਾਰਾਂ ਦੇ ਨੁਮਾਇੰਦੇ ਸ਼ਾਮਲ

ਸਨ, ਜਿਨ੍ਹਾਂ ਨੇ ਆਪਣੇ ਅਨੁਭਵ, ਚੁਣੌਤੀਆਂ ਅਤੇ ਸਿਫ਼ਾਰਸ਼ਾਂ ਸਾਂਝੀਆਂ ਕੀਤੀਆਂ। ਮੀਟਿੰਗ ਦੌਰਾਨ ਮਾਈਨਿੰਗ ਕਾਰਜਾਂ ਨੂੰ ਸੁਚਾਰੂ ਬਣਾਉਣ, ਗੈਰ-ਕਾਨੂੰਨੀ ਮਾਈਨਿੰਗ ਗਤੀਵਿਧੀਆਂ 'ਤੇ ਰੋਕ ਲਾਉਣ, ਕਾਰੋਬਾਰ ਕਰਨ ਦੀ ਆਸਾਨੀ ਨੂੰ ਯਕੀਨੀ ਬਣਾਉਣ ਅਤੇ ਚੌਗਿਰਦਾ- ਪੱਖੀ ਅਭਿਆਸਾਂ ਨੂੰ ਅਪਣਾਉਣ ਬਾਰੇ ਵਿਚਾਰ – ਵਟਾਂਦਰਾ ਕੀਤਾ ਗਿਆ|ਕੈਬਨਿਟ ਮੰਤਰੀ ਗੋਇਲ ਨੇ ਸਾਰੇ ਭਾਗੀਦਾਰਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੇ ਸੁਝਾਵਾਂ ‘ਤੇ ਵਿਚਾਰ ਕੀਤਾ ਜਾਵੇਗਾ ਤੇ ਇਹਨਾਂ ਨੂੰ ਨਵੀਂ ਬਣਾਈ ਜਾਣ ਵਾਲੀ ਨੀਤੀ ਵਿਚ ਸ਼ਾਮਲ ਕੀਤਾ ਜਾਵੇਗਾ।

-------------------------------------------------

ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ, 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਸ਼ਹੀਦ ਭਗਤ ਸਿੰਘ ਨਗਰ ਪੁਲਿਸ ਨੇ ਸਥਾਨਕ ਸਿਵਲ ਪ੍ਰਸ਼ਾਸਨ ਨਾਲ ਤਾਲਮੇਲ ਕਰ ਕੇ ਨਵਾਂਸ਼ਹਿਰ ਦੇ ਕਾਲਰਾਂ ਮੁਹੱਲੇ ਵਿਚ ਹੋਈਆਂ ਅਣ-ਅਧਿਕਾਰਤ ਉਸਾਰੀਆਂ ਨੂੰ ਅੱਜ ਢਾਹ ਦਿੱਤਾ। ਇਹ ਗੈਰ-ਕਾਨੂੰਨੀ ਉਸਾਰੀਆਂ ਤਿੰਨ ਪਰਿਵਾਰਾਂ, ਜਿਨ੍ਹਾਂ ਦਾ ਨਸ਼ਿਆਂ ਦੇ ਕਾਰੋਬਾਰ ਨਾਲ ਸਬੰਧ ਏ, ਵੱਲੋਂ ਕੀਤੀਆਂ ਗਈਆਂ ਸਨ, ਜਿਨ੍ਹਾਂ ਨੂੰ ਸਿਵਲ ਪ੍ਰਸ਼ਾਸਨ ਦੇ ਆਰਡਰਾਂ 'ਤੇ ਢਾਹਿਆ ਗਿਆ ਏ। ਐਸ.ਐਸ.ਪੀ. ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ

ਸਿੰਘ ਨੇ ਦੱਸਿਆ ਕਿ ਨਗਰ ਕੌਂਸਲ, ਜਿਸ ਨੂੰ ਇਨ੍ਹਾਂ ਗੈਰ- ਕਾਨੂੰਨੀ ਉਸਾਰੀਆਂ ਨੂੰ ਢਾਹੁਣ ਲਈ ਪੁਲਿਸ ਸਹਾਇਤਾ ਦੀ ਜ਼ਰੂਰਤ ਸੀ, ਦੀ ਬੇਨਤੀ ’ਤੇ ਇਹ ਕਾਰਵਾਈ ਅਮਲ ਵਿਚ ਲਿਆਂਦੀ ਗਈ ਏ। ਇਹ ਕਾਰਵਾਈ ਬੀਰੋ, ਛਿੰਦੋ ਤੇ ਸੰਤੋਸ਼ ਨਾਂ ਦੀਆਂ ਔਰਤਾਂ ਵਿਰੁੱਧ ਕੀਤੀ ਗਈ ਏ, ਜਿਨ੍ਹਾਂ ਖ਼ਿਲਾਫ਼ ਕਈ ਪਰਚੇ ਦਰਜ ਨੇ। ਉਨ੍ਹਾਂ ਦੱਸਿਆ ਕਿ ਇਨ੍ਹਾਂ ਵਿਚੋਂ ਇਕ ਪਰਿਵਾਰ ਉੱਤੇ ਤਾਂ 14 ਪਰਚੇ ਦਰਜ ਨੇ।

- ----------------------------------------------------------ਜਿਲਾ ਪ੍ਰਸ਼ਾਸਨ ਜਲੰਧਰ ਵੱਲੋਂ ਮਾਰਚ 2025 ਤੋਂ ਪੰਜਾਬ ਸਿਵਲ ਸਰਵਿਸਿਜ਼ ਇਮਤਿਹਾਨ (PCS) ਦੀ ਮੁਫ਼ਤ ਕੋਚਿੰਗ ਸ਼ੁਰੂ ਕੀਤੀ ਜਾ ਰਹੀ ਏ। ਇਸ ਬਾਰੇ ਜਿਲਾ ਬਿਊਰੋ ਰੁਜ਼ਗਾਰ ਉਤਪੱਤੀ, ਹੁਨਰ ਵਿਕਾਸ ਤੇ ਸਿਖਲਾਈ ਦੇ ਡਾਇਰੈਕਟਰ ਨੀਲਮ ਮਹੇ ਨੇ ਦੱਸਿਆ ਕਿ ਮੁਫ਼ਤ ਕੋਚਿੰਗ ਦੇ ਚਾਹਵਾਨ ਪ੍ਰਾਰਥੀ ਸਬੰਧਤ ਦਸਤਾਵੇਜਾਂ ਸਮੇਤ 13 ਮਾਰਚ ਨੂੰ ਸਵੇਰੇ 9 ਵਜੇ ਜਿਲਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਵਿਚ ਮੁੱਢਲੀ ਸਕ੍ਰੀਨਿੰਗ ਵਿਚ ਸ਼ਾਮਲ ਹੋ ਸਕਦੇ ਨੇ। -------------------------------------------------------

ਆਖ਼ਰ ਵਿਚ ਇਸ ਬੁਲੇਟਿਨ ਦੀਆਂ ਖਾਸ ਖ਼ਬਰਾਂ ਇਕ ਵਾਰ ਫੇਰ ਤੋਂ।

- ਬਠਿੰਡਾ ਵਿਚ ਏਮਜ਼ ਦੇ ਪਹਿਲੇ ਕਾਨਵੋਕੇਸ਼ਨ ਸਮਾਰੋਹ ਵਿਚ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਮੋਟਾਪੇ ਨੂੰ ਵੱਡੀ ਸਮੱਸਿਆ ਦੱਸਦੇ ਹੋਏ ਦੇਸ਼ ਨੂੰ ਇਸ ਬਾਰੇ ਸੁਚੇਤ ਕੀਤਾ। ਇਸ ਦੇ ਨਾਲ ਹੀ ਡਾਕਟਰਾਂ ਤੇ ਖੋਜਕਰਤਾਵਾਂ ਨੂੰ ਕੈਂਸਰ ਰੋਗ ਦੀ ਜਲਦੀ ਜਾਂਚ ਯਕੀਨੀ ਬਣਾਉਣ ਲਈ ਹੋਰ ਉੱਨਤ ਤਕਨੀਕਾਂ ਵਿਕਸਤ ਕਰਨ ਦਾ ਸੱਦਾ ਦਿੱਤਾ।
- ਮਾਰੀਸ਼ਸ ਪੁੱਜੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਾਰੀਸ਼ਸ ਦੇ ਸਾਬਕਾ ਰਾਸ਼ਟਰਪਤੀ ਸਰ ਅਨਿਰੁੱਧ ਜਗਨਨਾਥ ਤੇ ਸਾਬਕਾ ਪ੍ਰਧਾਨ ਮੰਤਰੀ ਸਰ ਸ਼ਿਵਸਾਗਰ ਰਾਮਗੁਲਾਮ ਨੂੰ ਸ਼ਰਧਾਂਜਲੀ ਭੇਟ ਕੀਤੀ।
- ਪੰਜਾਬ ਸਰਕਾਰ ਨੇ ਸਨਅਤਕਾਰਾਂ ਨੂੰ ਪਿਛਲੇ ਬਕਾਇਆਂ ਦੇ ਭੁਗਤਾਨ ਲਈ ਯਕਮੁਸ਼ਤ ਨਿਪਟਾਰਾ ਸਕੀਮ ਕੀਤੀ ਸ਼ੁਰੂ। ਬਕਾਏ ਅਦਾ ਕਰਨ ਦੀ ਆਖ਼ਰੀ ਤਰੀਕ 31 ਦਸੰਬਰ ਐਲਾਨੀ।
- ਪੰਜਾਬ ਦੇ ਮਾਈਨਿੰਗ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਰੱਸ਼ਰ ਸਨਅਤਾਂ ਦੇ ਮੁੱਖ ਭਾਈਵਾਲਾਂ ਨਾਲ ਅਹਿਮ ਮੀਟਿੰਗ

ਕੀਤੀ। ਮੰਤਰੀ ਨੇ ਪੰਜਾਬ ਦੀ ਨਵੀਂ ਬਣ ਰਹੀ ਨੀਤੀ ਸਬੰਧੀ ਕਰੱਸ਼ਰ ਸਨਅਤਕਾਰਾਂ ਕੋਲੋਂ ਸੁਝਾਅ ਵੀ ਮੰਗੇ।

ਇਸ ਦੇ ਨਾਲ ਹੀ ਖ਼ਬਰਾਂ ਦਾ ਇਹ ਬੁਲੇਟਿਨ ਖ਼ਤਮ ਹੋਇਆ। ਖ਼ਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵਜ ਕੇ 30 ਮਿੰਟ ਤੇ।

ਨਮਸਕਾਰ।

**ਇਸਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇ ਆਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜ 30 'ਤੇ...**